# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :26-12-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ, 'ਵੀਰ ਬਾਲ ਦਿਵਸ' ਮੌਕੇ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਪ੍ਰਦਾਨ ਕੀਤੇ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਰਾਸ਼ਟਰੀ ਬਾਲ ਪੁਰਸਕਾਰ ਜੇਤੂਆਂ ਨਾਲ ਗੱਲਬਾਤ ਕੀਤੀ।
- ਦੇਸ਼ ਅੱਜ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ- ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫ਼ਤਹਿ ਸਿੰਘ ਜੀ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸ਼ਰਧਾ ਤੇ ਸਤਿਕਾਰ ਨਾਲ ਨਮਨ ਕਰ ਰਿਹਾ ਏ I
- ਪੰਜਾਬ ਸਰਕਾਰ ਵੱਲੋਂ ਇਸ ਸਾਲ ਸੂਬੇ ਦੇ ਆਸ਼ਰਿਤ ਅਤੇ ਅਨਾਥ ਬੱਚਿਆਂ ਲਈ 314 ਕਰੋੜ 22 ਲੱਖ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਜਾ ਚੁੱਕੀ ਏ।
- ਦੇਸ਼ ਅੱਜ ਸ਼ਹੀਦ ਊਧਮ ਸਿੰਘ ਨੂੰ ਉਨ੍ਹਾਂ ਦੀ 126ਵੀਂ ਜਨਮ ਵਰ੍ਹੇਗੰਢ 'ਤੇ ਯਾਦ ਕਰ ਰਿਹਾ ਏ I

- ਔਰਤਾਂ ਦੇ ਕ੍ਰਿਕੇਟ ਵਿਚ ਭਾਰਤ ਅਤੇ ਸ਼੍ਰੀਲੰਕਾ ਦਰਮਿਆਨ ਤੀਜਾ ਟਵੈਂਟੀ-ਟਵੈਂਟੀ ਅੰਤਰ-ਰਾਸ਼ਟਰੀ ਮੈਚ ਅੱਜ ਤਿਰੂਵਨੰਤਪੁਰਮ ਵਿਖੇ ਖੇਡਿਆ ਜਾਵੇਗਾ।

--------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ 'ਵੀਰ ਬਾਲ ਦਿਵਸ' ਦੇ ਮੌਕੇ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਪ੍ਰਦਾਨ ਕੀਤੇ। ਇਸ ਸਾਲ, 18 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 20 ਬੱਚਿਆਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਬੋਲਦਿਆਂ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਪੁਰਸਕਾਰ, ਜੇਤੂ ਬੱਚਿਆਂ ਨੇ ਬਹਾਦਰੀ, ਕਲਾ ਅਤੇ ਸੱਭਿਆਚਾਰ, ਵਾਤਾਵਰਣ, ਕਾਢਾਂ  ਅਤੇ ਵਿਗਿਆਨ ਅਤੇ ਤਕਨਾਲੋਜੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਬੇਮਿਸਾਲ ਯੋਗਦਾਨ ਪਾਇਆ ਏ। ਰਾਸ਼ਟਰਪਤੀ ਨੇ ਜ਼ਿਕਰ ਕੀਤਾ ਕਿ ਇਹ ਦਿਨ ਹਰ ਸਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫਤਿਹ ਸਿੰਘ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਮਨਾਇਆ ਜਾਂਦਾ ਏ।

BYTE:RNU261225A

ਰਾਸ਼ਟਰਪਤੀ ਨੇ ਕਿਹਾ ਕਿ ਜਦੋਂ ਕਿਸੇ ਦੇਸ਼ ਦੇ ਬੱਚਿਆਂ ਵਿੱਚ ਦੇਸ਼ ਭਗਤੀ ਅਤੇ ਉੱਚ ਆਦਰਸ਼ ਹੁੰਦੇ ਹਨ, ਤਾਂ ਉਸ ਦੇਸ਼ ਦੀ ਮਨੁੱਖਤਾ

ਯਕੀਨੀ ਹੁੰਦੀ ਏ। ਉਨ੍ਹਾਂ ਕਿਹਾ ਕਿ ਇਹ ਪੁਰਸਕਾਰ, ਪ੍ਰਾਪਤ ਕਰਨ ਵਾਲਿਆਂ ਨੂੰ ਉਤਸ਼ਾਹਿਤ ਕਰਨਗੇ ਅਤੇ ਦੇਸ਼ ਭਰ ਦੇ ਬੱਚਿਆਂ ਨੂੰ ਪ੍ਰੇਰਿਤ ਕਰਨਗੇ।

-----------------------------------------------------------

ਅੱਜ ਬਾਲ ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਵਿਚ ਫਿਰੋਜ਼ਪੁਰ ਦਾ ਰਹਿਣ ਵਾਲਾ 10 ਸਾਲਾ ਸ਼ਵਣ ਸਿੰਘ ਅਤੇ ਚੰਡੀਗੜ੍ਹ 'ਚ ਮਲੋਆ ਦੇ ਸਨੇਹਾਲਯ ਵਾਸੀ ਵੰਸ਼ ਤਾਇਲ ਵੀ ਸ਼ਾਮਿਲ ਨੇ । ਇਨ੍ਹਾਂ ਨੂੰ ਸਮਾਜ ਸੇਵਾ ਦੇ ਖੇਤਰ ਵਿੱਚ ਬੇਮਿਸਾਲ ਯੋਗਦਾਨ ਕਰਕੇ ਸਨਮਾਨਿਤ ਕੀਤਾ ਗਿਆ ਏ। ਜ਼ਿਕਰਯੋਗ ਏ ਕਿ ਫਿਰੋਜ਼ਪੁਰ ਦੇ ਸ਼ਵਣ ਸਿੰਘ ਨੇ ਆਪ੍ਰੇਸ਼ਨ ਸਿੰਦੂਰ ਦੌਰਾਨ ਜੰਗ ਨਾਲ ਜੁੜੇ ਜੋਖਮਾਂ ਦਰਮਿਆਨ, ਆਪਣੇ ਘਰ ਨੇੜੇ ਸਰਹੱਦ 'ਤੇ ਤਾਇਨਾਤ ਭਾਰਤੀ ਸੈਨਿਕਾਂ ਨੂੰ ਨਿਯਮਿਤ ਤੌਰ 'ਤੇ ਖਾਣ ਪੀਣ ਦਾ ਸਾਮਾਨ ਪਹੁੰਚਾਇਆ। ਆਕਾਸ਼ਵਾਣੀ ਨਾਲ ਗੱਲ ਕਰਦਿਆਂ ਸ਼ਵਨ ਸਿੰਘ ਨੇ ਕਿਹਾ

BYTE:RNU261225B

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਅੱਜ ਦੇਸ਼ ਸਾਹਿਬਜ਼ਾਦਿਆਂ ਦੀ ਮਿਸਾਲੀ ਹਿੰਮਤ ਅਤੇ ਕੁਰਬਾਨੀ ਨੂੰ ਯਾਦ ਕਰ ਰਿਹਾ ਈ , ਜੋ ਦੇਸ਼ ਦਾ ਮਾਣ ਨੇ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ, ਵੀਰ ਬਾਲ

ਦਿਵਸ ਨੇ ਨੌਜਵਾਨ ਪੀੜ੍ਹੀ ਤਕ ਸਾਹਿਬਜ਼ਾਦਿਆਂ ਦੀ ਪ੍ਰੇਰਨਾ ਅਤੇ ਕੁਰਬਾਨੀਆਂ ਨੂੰ ਪਹੁੰਚਾਇਆ ਈ । ਪ੍ਰਧਾਨ ਮੰਤਰੀ ਨੇ ਇਹ ਗੱਲ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਵੀਰ ਬਾਲ ਦਿਵਸ 'ਤੇ ਰਾਸ਼ਟਰੀ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਕਹੀ । ਪ੍ਰਧਾਨ ਮੰਤਰੀ ਨੇ ਕਿਹਾ ਕਿ ਮਾਤਾ ਗੁਜਰੀ ਜੀ, ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਚਾਰ ਸਾਹਿਬਜ਼ਾਦਿਆਂ ਦੀ ਹਿੰਮਤ ਅਤੇ ਆਦਰਸ਼ ਹਰ ਭਾਰਤੀ ਨੂੰ ਤਾਕਤ ਦਿੰਦੇ ਨੇ । BYTE:RNU261225C

ਇਸ ਮੌਕੇ ਸ਼੍ਰੀ ਮੋਦੀ ਨੇ ਰਾਸ਼ਟਰੀ ਬਾਲ ਪੁਰਸਕਾਰ ਦੇ 20 ਜੇਤੂਆਂ ਨਾਲ ਗੱਲਬਾਤ ਕੀਤੀ।

---------------------------------------------------------------

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਲਾਮਿਸਾਲ ਹਿੰਮਤ ਅਤੇ ਕੁਰਬਾਨੀ ਨੂੰ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਦੀ ਬਹਾਦਰੀ ਦੇਸ਼ ਨੂੰ ਪ੍ਰੇਰਿਤ ਕਰਦੀ ਰਹੇਗੀ ।

---------------------------------------------------------------

ਦੇਸ਼ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ

ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਅਦੁੱਤੀ ਸ਼ਹਾਦਤ ਨੂੰ ਸ਼ਰਧਾ ਤੇ ਸਤਿਕਾਰ ਭਾਵ ਨਾਲ ਨਮਨ ਕਰ ਰਿਹਾ ਏ । ਫਤਿਹਗੜ੍ਹ ਸਾਹਿਬ ਵਿਖੇ ਸ਼ਹੀਦੀ ਜੋੜ ਮੇਲ ਦੇ ਅੱਜ ਦੂਜੇ ਦਿਨ ਸੰਗਤਾਂ ਤੜਕਸਾਰ ਤੋਂ ਹੀ ਸੰਘਣੀ ਧੁੰਦ ਦੇ ਬਾਵਜੂਦ ਗੁਰੂਘਰ ਨਤਮਸਤਕ ਹੋ ਰਹੀਆਂ ਨੇ। ਲੱਖਾਂ ਦੀ ਗਿਣਤੀ ਵਿੱਚ ਪਹੁੰਚਣ ਵਾਲੀ ਸੰਗਤ ਲਈ ਢੁਕਵੇਂ ਪ੍ਰਬੰਧ ਕੀਤੇ ਗਏ ਨੇ । ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅੱਜ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ। ਸ੍ਰੀ ਕਟਾਰੀਆ ਨੇ ਕਿਹਾ ਕਿ ਦਸਮੇਸ਼ ਪਿਤਾ ਵੱਲੋਂ ਕੀਤੇ ਗਏ ਸਰਬੰਸ ਦਾਨ ਵਰਗੀ ਕੁਲ ਦੁਨੀਆਂ ਵਿੱਚ ਕੋਈ ਦੂਜੀ ਮਿਸਾਲ ਨਹੀਂ ਮਿਲਦੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅੱਜ ਪਰਿਵਾਰ ਸਮੇਤ ਮੱਥਾ ਟੇਕਿਆ । ਉਨ੍ਹਾਂ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਦੇ ਦ੍ਰਿੜ ਇਰਾਦੇ-ਜਜ਼ਬੇ ਰਹਿੰਦੀ ਦੁਨੀਆ ਤੀਕ ਸਾਡੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੇ ਰਹਿਣਗੇ।

---------------------------------------------------------------

ਓਧਰ ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਖੁਰਾਕ ਨੇ ਦਸ਼ਮਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਨੂੰ ਸਮਰਪਿਤ ਪਿੰਡ ਕਟਾਰੂਚੱਕ ਤੋਂ ਇੱਕ ਪੈਦਲ ਯਾਤਰਾ ਕੱਢੀ । ਇਸ ਮੌਕੇ ਸ੍ਰੀ ਕਟਾਰੂਚੱਕ ਨੇ ਕਿਹਾ ।

BYTE:RNU261225D

--------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹੀਦੀ ਸਭਾ ਦੌਰਾਨ ਸੰਗਤਾਂ ਲਈ ਮੈਡੀਕਲ ਸੁਵਿਧਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਸਿਹਤ ਮੰਤਰੀ , ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਚੱਲ ਰਹੇ ਵਿਸ਼ਾਲ ਖ਼ੂਨਦਾਨ ਅਤੇ ਅੰਗ ਦਾਨ ਕੈਂਪ ਦਾ ਜਾਇਜ਼ਾ ਲੈਣ ਲਈ ਪਹੁੰਚੇ । ਸਿਹਤ ਮੰਤਰੀ ਨੇ ਖ਼ੂਨਦਾਨ ਕਰਨ ਵਾਲਿਆਂ ਦੀ ਹੌਸਲਾ ਅਫਜਾਈ ਕੀਤੀ ਅਤੇ ਨੌਜਵਾਨਾਂ ਨੂੰ ਖ਼ੂਨਦਾਨ ਅਤੇ ਅੰਗ ਦਾਨ ਕਰਨ ਦੀ ਮੁਹਿੰਮ ਵਿੱਚ ਵੱਧ ਚੜ ਕੇ ਅੱਗੇ ਆਉਣ ਦੀ ਸੱਦਾ ਦਿੱਤਾ । ਇਸ ਮੌਕੇ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਪਿੰਡ ਅਬਰਾਵਾਂ ਦੇ ਵਸਨੀਕ ਹਰਵਿੰਦਰ ਸਿੰਘ ਨੇ ਮਰਨ ਉਪਰੰਤ, ਆਪਣਾ ਸਾਰਾ ਸਰੀਰ ਦਾਨ ਕਰਨ ਲਈ ਰਜਿਸਟਰੇਸ਼ਨ ਕਰਵਾਈ ।

--------------------------------------------------------

ਇਸੇ ਦੌਰਾਨ ਜ਼ਿਲ੍ਹਾ ਅਕਾਲੀ ਦਲ ਫਤਿਹਗੜ੍ਹ ਸਾਹਿਬ ਅਤੇ ਯੂਥ ਵਿੰਗ ਵੱਲੋਂ ਇਤਿਹਾਸਕ ਗੁਰਧਾਮ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਦੋ ਰੋਜ਼ਾ ‘ਮੇਰੀ ਦਸਤਾਰ, ਮੇਰੀ ਸ਼ਾਨ’- ਦਸਤਾਰਾਂ ਦਾ ਲੰਗਰ- ਯਾਨੀ ਮੁਫ਼ਤ ਦਸਤਾਰ ਬੰਨ੍ਹਣ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ 1500 ਤੋਂ ਵੱਧ ਸੰਗਤਾਂ ਨੂੰ ਦਸਤਾਰਾਂ ਬੰਨ੍ਹੀਆਂ ਗਈਆਂ। ਇਸ ਮੌਕੇ ਸ੍ਰੀ ਅਕਾਲ

ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜ-ਗੱਜ ਨੇ ਦਸਤਾਰ ਸਜਾਉਣ ਦੀ ਮੁਹਿੰਮ ਦੀ ਸ਼ਲਾਘਾ ਕੀਤੀ।

---------------------------------------------------------

ਪੰਜਾਬ ਸਰਕਾਰ ਵੱਲੋਂ ਇਸ ਸਾਲ ਹੁਣ ਤੱਕ ਸੂਬੇ ਦੇ ਆਸ਼ਰਿਤ ਅਤੇ ਅਨਾਥ ਬੱਚਿਆਂ ਲਈ 314 ਕਰੋੜ 22 ਲਖ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਜਾ ਚੁੱਕੀ ਈ । ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਸੂਬੇ ਦੇ 2 ਲੱਖ 37 ਹਜ਼ਾਰ 406 ਆਸ਼ਰਿਤ ਅਤੇ ਅਨਾਥ ਬੱਚਿਆਂ ਨੂੰ ਨਿਯਮਿਤ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਈ , ਤਾਂ ਜੋ ਇਹ ਬੱਚੇ ਆਰਥਿਕ ਸਹਾਰੇ ਨਾਲ ਪੜ੍ਹ-ਲਿਖ ਕੇ ਸਮਾਜ ਦੀ ਮੁੱਖ ਧਾਰਾ ਨਾਲ ਜੁੜ ਸਕਣ ਅਤੇ ਆਤਮ-ਨਿਰਭਰ ਜੀਵਨ ਵੱਲ ਅੱਗੇ ਵਧ ਸਕਣ। ਡਾ. ਬਲਜੀਤ ਕੌਰ ਨੇ ਕਿਹਾ ਕਿ ਆਸ਼ਰਿਤ ਅਤੇ ਅਨਾਥ ਬੱਚੇ ਸਿਰਫ਼ ਸਰਕਾਰੀ ਅੰਕੜੇ ਨਹੀਂ, ਸਗੋਂ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਨੇ । ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਯੋਜਨਾ ਦਾ ਲਾਭ ਉਹ ਬੱਚੇ ਲੈ ਸਕਦੇ ਨੇ ਜੋ 21 ਸਾਲ ਤੋਂ ਘੱਟ ਉਮਰ ਦੇ ਹਨ ਅਤੇ ਜਿਨ੍ਹਾਂ ਦੇ ਮਾਤਾ-ਪਿਤਾ ਜਾਂ ਤਾਂ ਦੋਵੇਂ ਨਹੀਂ ਰਹੇ, ਜਾਂ ਦੋਵੇਂ ਘਰੋਂ ਗੈਰ-ਹਾਜ਼ਰ ਹਨ, ਜਾਂ ਸਰੀਰਕ ਅਤੇ ਮਾਨਸਿਕ ਤੌਰ ’ਤੇ ਅਸਮਰੱਥ ਹੋਣ ਕਾਰਨ ਪਰਿਵਾਰ ਦੀ ਦੇਖਭਾਲ ਕਰਨ ਵਿੱਚ ਅਸਮਰੱਥ ਨੇ ।

---------------------------------------------------

ਦੇਸ਼ ਦਾ ਸਭ ਤੋਂ ਪੁਰਾਣਾ ਭਾਰਤੀ ਸ਼ਾਸਤਰੀ ਸੰਗੀਤ ਉਤਸਵ, 150ਵਾਂ 3 ਦਿਨਾ ਸ੍ਰੀ ਬਾਬਾ ਹਰੀਵੱਲਭ ਸੰਗੀਤ ਸੰਮੇਲਨ, ਅੱਜ ਤੋਂ ਜਲੰਧਰ ਦੇ ਸ੍ਰੀ ਦੇਵੀ ਤਾਲਾਬ ਮੰਦਿਰ ਵਿਖੇ ਸ਼ੁਰੂ ਹੋਇਆ । ਇਹ ਉਤਸਵ ਕੇਂਦਰੀ ਸੱਭਿਆਚਾਰ ਮੰਤਰਾਲੇ ਦੇ ਉੱਤਰੀ ਜ਼ੋਨ ਸੱਭਿਆਚਾਰਕ ਕੇਂਦਰ , ਪਟਿਆਲਾ ਅਤੇ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਏ। ਇਹ ਉਤਸਵ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਵਰ੍ਹੇਗੰਢ ਅਤੇ ਬਨਾਰਸ ਦੇ ਪ੍ਰਸਿੱਧ ਘਰਾਣੇ ਦੇ ਗਾਇਕ ਪੰਡਿਤ ਛੰਨੂ ਲਾਲ ਮਿਸ਼ਰਾ ਨੂੰ ਸਮਰਪਿਤ ਏ । ਇਹ ਉਤਸਵ 28 ਦਸੰਬਰ ਤੱਕ ਜਾਰੀ ਰਹੇਗਾ ।

---------------------------------------------------

ਦੇਸ਼ ਸ਼ਹੀਦ ਊਧਮ ਸਿੰਘ ਨੂੰ ਉਨ੍ਹਾਂ ਦੀ 126ਵੀਂ ਜਨਮ ਵਰ੍ਹੇਗੰਢ 'ਤੇ ਅੱਜ ਯਾਦ ਕਰ ਰਿਹਾ ਏ । 1899 ਵਿੱਚ ਅੱਜ ਦੇ ਹੀ ਦਿਨ ਅਣਵੰਡੇ ਭਾਰਤ ਵਿੱਚ ਪੰਜਾਬ ਦੇ ਪਿੰਡ ਸੁਨਾਮ ਵਿੱਚ ਜਨਮੇ, ਇਨਕਲਾਬੀ ਆਜ਼ਾਦੀ ਘੁਲਾਟੀਏ ਨੇ ਪੰਜਾਬ ਦੇ ਸਮਕਾਲੀ ਲੈਫਟੀਨੈਂਟ ਗਵਰਨਰ ਮਾਈਕਲ ਓ'ਡਵਾਇਰ ਦੀ ਹੱਤਿਆ ਕਰਕੇ ਜਲ੍ਹਿਆਂਵਾਲਾ ਬਾਗ ਕਤਲੇਆਮ ਦਾ ਬਦਲਾ ਲਿਆ ਸੀ । ਅੰਗਰੇਜ਼ਾਂ ਦੀ ਹਿਰਾਸਤ ਵਿੱਚ ਰਹਿੰਦਿਆਂ, ਓਹਨਾਂ

'ਰਾਮ ਮੁਹੰਮਦ ਸਿੰਘ ਆਜ਼ਾਦ' ਨਾਂ ਦੀ ਵਰਤੋਂ ਕੀਤੀ, ਜੋ ਭਾਰਤ ਦੇ ਤਿੰਨ ਪ੍ਰਮੁੱਖ ਧਰਮਾਂ ਅਤੇ ਉਨ੍ਹਾਂ ਦੀਆਂ ਬਸਤੀਵਾਦ ਵਿਰੋਧੀ ਭਾਵਨਾਵਾਂ ਨੂੰ ਦਰਸਾਉਂਦਾ ਏ । ਉਹ ਗ਼ਦਰ ਪਾਰਟੀ ਅਤੇ ਹਿੰਦੁਸਤਾਨ ਸੋਸ਼ਲਿਸਟ ਰੀਪਬਲਿਕ ਐਸੋਸੀਏਸ਼ਨ ਦੇ ਇੱਕ ਸਰਗਰਮ ਮੈਂਬਰ ਸਨ । ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਸ਼ਹੀਦ ਊਧਮ ਸਿੰਘ ਦੇ ਜਨਮ ਦਿਨ ਮੌਕੇ, ਊਧਮ ਸਿੰਘ ਸ਼ਹੀਦ ਸਕਿੱਲ ਡਿਵੈਲਪਮੈਂਟ ਐਂਡ ਇੰਟਰਪਨਿਓਰਸ਼ਿਪ ਯੂਨੀਵਰਸਿਟੀ ਦਾ ਉਦਘਾਟਨ ਕੀਤਾ । ਇਹ ਯੂਨੀਵਰਸਿਟੀ ਜ਼ਿਲ੍ਹਾ ਕਪੂਰਥਲਾ ਦੇ ਪਿੰਡ ਨਿਜ਼ਾਮਪੁਰ ਵਿਖੇ ਕੰਬੋਜ ਫਾਊਂਡੇਸ਼ਨ ਦੀ ਸਰਪ੍ਰਸਤੀ ਹੇਠ ਬਣਾਈ ਗਈ ਈ ।

---------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਆਜ਼ਾਦੀ ਘੁਲਾਟੀਏ ਸ਼ਹੀਦ ਊਧਮ ਸਿੰਘ ਨੂੰ ਉਨ੍ਹਾਂ ਦੇ ਜਨਮ ਵਰੇਗੰਢ 'ਤੇ ਸ਼ਰਧਾਂਜਲੀ ਭੇਟ ਕੀਤੀ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਗ੍ਰਹਿ ਮੰਤਰੀ ਨੇ ਕਿਹਾ ਕਿ ਅਮਰ ਸ਼ਹੀਦ ਊਧਮ ਸਿੰਘ ਨੇ ਜਲ੍ਹਿਆਂਵਾਲਾ ਬਾਗ ਕਤਲੇਆਮ ਵਿੱਚ ਸ਼ਹੀਦ ਹੋਏ ਆਪਣੇ ਦੇਸ਼ ਵਾਸੀਆਂ ਦਾ ਬਦਲਾ ਲੈਣ ਵਿੱਚ ਬੇਮਿਸਾਲ ਹਿੰਮਤ ਅਤੇ ਬਹਾਦਰੀ ਦਿਖਾਈ। ਉਨ੍ਹਾਂ ਕਿਹਾ ਕਿ ਊਧਮ ਸਿੰਘ ਨੇ ਗ਼ਦਰ ਲਹਿਰ ਰਾਹੀਂ ਵਿਦੇਸ਼ਾਂ ਵਿੱਚ ਭਾਰਤ ਦੇ ਆਜ਼ਾਦੀ ਸੰਗਰਾਮ ਦੀ ਮਸ਼ਾਲ ਫੈਲਾਉਣ ਵਿੱਚ ਵੀ ਮੋਹਰੀ ਭੂਮਿਕਾ ਨਿਭਾਈ।

-----------------------------------------------------------

ਅਹਮਦੀਆ ਮੁਸਲਿਮ ਜਮਾਤ ਦੇ ਸਦਰ ਮੁਕਾਮ ਗੁਰਦਾਸਪੁਰ ਦੇ ਕਸਬਾ ਕਾਦੀਆਂ ਵਿੱਚ ਅੱਜ ਸਾਲਾਨਾ ਜਲਸਾ ਸ਼ੁਰੂ ਹੋਇਆ । ਅਹਮਦਿਆ ਜਮਾਤ ਦੇ ਪ੍ਰਬੰਧਕਾਂ ਸ਼ੇਖ ਮੁਜਾਹਿਦ ਅਹਿਮਦ ਤੇ ਤਨਵੀਰ ਅਹਿਮਦ ਨੇ ਦੱਸਿਆ ਕਿ ਇਸ ਜਲਸੇ ਵਿੱਚ ਭਾਰਤ ਦੇ ਵੱਖ-ਵੱਖ ਸੂਬਿਆ ਤੋ ਇਲਾਵਾ ਦੁਨੀਆ ਦੇ ਵੱਖ ਵੱਖ ਦੇਸ਼ਾ ਤੋਂ ਅਹਮਦੀਆ ਜਮਾਤ ਭਾਈਚਾਰੇ ਦੀ ਲੋਕ ਸਮੂਲਿਅਤ ਕਰਣ ਪੁੱਜੇ ਨੇ । ਕੱਲ੍ਹ 27 ਦਸੰਬਰ ਨੂੰ ਇਸ ਜਲਸੇ ਵਿੱਚ ਖਾਸ ਤੋਰ ਤੇ ਸਰਵ ਧਰਮ ਸਮੇਲਨ ਕਰਵਾਇਆ ਜਾਵੇਗਾ ਜਿਸ ਵਿੱਚ ਸਾਰੇ ਧਰਮਾਂ ਦੇ ਪ੍ਰਚਾਰਕ ਅਤੇ ਸੰਤਾ ਵੱਲੋਂ ਧਾਰਮਿਕ ਉਪਦੇਸ਼ ਦਿੱਤੇ ਜਾਣਗੇ ।

-----------------------------------------------------------

ਜਲੰਧਰ ਡਿਪਟੀ ਕਮਿਸ਼ਨਰ, ਡਾ. ਹਿਮਾਂਸ਼ੂ ਅਗਰਵਾਲ ਨੇ ਪਸ਼ੂਆਂ ਨੂੰ ਸੜਕਾਂ ’ਤੇ ਬੇਸਹਾਰਾ ਛੱਡਣ ਵਾਲਿਆਂ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਅਜਿਹਾ ਕਰਨ ਵਾਲਿਆਂ ਖਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਰਾਤ ਸਮੇਂ ਵਧੇਰੇ ਚੌਕਸੀ ਵਰਤਣ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਸੜਕਾਂ ’ਤੇ ਪਸ਼ੂਆਂ ਨੂੰ ਬੇਸਹਾਰਾ ਛੱਡਣ ਦੀ

ਇਜਾਜ਼ਤ ਨਹੀਂ ਦਿੱਤੀ ਜਾਵੇਗੀ । ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਪਸ਼ੂਆਂ ਨੂੰ ਸੜਕਾਂ ’ਤੇ ਬੇਸਹਾਰਾ ਛੱਡਣ ਦੀ ਬਜਾਏ ਪ੍ਰਸ਼ਾਸਨ ਵੱਲੋਂ ਚਲਾਈਆਂ ਜਾ ਰਹੀਆਂ ਗਊਸ਼ਾਲਾਵਾਂ ਵਿੱਚ ਭੇਜਿਆ ਜਾਵੇ। ਡਾ. ਅਗਰਵਾਲ ਨੇ ਦੱਸਿਆ ਕਿ ਅਪ੍ਰੈਲ ਤੋਂ ਹੁਣ ਤੱਕ ਸ਼ਹਿਰ ’ਚੋਂ 340 ਬੇਸਹਾਰਾ ਪਸ਼ੂ ਗਊਸ਼ਲਾਵਾਂ ਵਿੱਚ ਭੇਜੇ ਗਏ ਨੇ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਵਟਸਐਪ ਐਕਸ਼ਨ ਹੈਲਪਲਾਈਨ 96462-22555 'ਤੇ ਬੇਸਹਾਰਾ ਪਸ਼ੂਆਂ ਸਬੰਧੀ ਪ੍ਰਾਪਤ ਸ਼ਿਕਾਇਤਾਂ ਦਾ ਤੁਰੰਤ ਹੱਲ ਕੀਤਾ ਜਾ ਰਿਹਾ ਈ । ਉਨ੍ਹਾਂ ਨਾਗਰਿਕਾਂ ਨੂੰ ਬੇਸਹਾਰਾ ਪਸ਼ੂਆਂ ਸਬੰਧੀ ਸੂਚਨਾ ਦੇਣ ਲਈ ਹੈਲਪਲਾਈਨ ਦੀ ਵੱਧ ਤੋਂ ਵੱਧ ਵਰਤੋਂ ਕਰਨ ਦੀ ਅਪੀਲ ਵੀ ਕੀਤੀ।

----------------------------------------------------------

ਔਰਤਾਂ ਦੇ ਕ੍ਰਿਕੇਟ ਵਿਚ ਭਾਰਤ ਅਤੇ ਸ਼੍ਰੀਲੰਕਾ ਦਰਮਿਆਨ ਤੀਜਾ twenty – twenty ਅੰਤਰਰਾਸ਼ਟਰੀ ਮੈਚ ਅੱਜ ਤਿਰੂਵਨੰਤਪੁਰਮ ਵਿਖੇ ਖੇਡਿਆ ਜਾਵੇਗਾ । ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਭਾਰਤ ਪੰਜ ਮੈਚਾਂ ਦੀ ਲੜੀ ਵਿੱਚ 2-0 ਨਾਲ ਅੱਗੇ ਏ । ਭਾਰਤ ਨੇ ਐਤਵਾਰ ਨੂੰ ਪਹਿਲੇ ਮੈਚ ਵਿੱਚ ਸ਼੍ਰੀਲੰਕਾ ਨੂੰ ਅੱਠ ਵਿਕਟਾਂ ਨਾਲ ਹਰਾਇਆ, ਜਦੋਂ ਕਿ ਮੰਗਲਵਾਰ ਨੂੰ ਦੂਜੇ ਮੈਚ ਵਿੱਚ ਸ਼੍ਰੀਲੰਕਾ ਨੂੰ ਸੱਤ ਵਿਕਟਾਂ ਨਾਲ ਹਾਰ ਦਾ

ਸਾਹਮਣਾ ਕਰਨਾ ਪਿਆ ।

----------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ, 'ਵੀਰ ਬਾਲ ਦਿਵਸ' ਮੌਕੇ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਪ੍ਰਦਾਨ ਕੀਤੇ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਰਾਸ਼ਟਰੀ ਬਾਲ ਪੁਰਸਕਾਰ ਜੇਤੂਆਂ ਨਾਲ ਗੱਲਬਾਤ ਕੀਤੀ ।
- ਦੇਸ਼ ਅੱਜ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ- ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫ਼ਤਹਿ ਸਿੰਘ ਜੀ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸ਼ਰਧਾ ਤੇ ਸਤਿਕਾਰ ਨਾਲ ਨਮਨ ਕਰ ਰਿਹਾ ਏ I
- ਪੰਜਾਬ ਸਰਕਾਰ ਵੱਲੋਂ ਇਸ ਸਾਲ ਸੂਬੇ ਦੇ ਆਸ਼ਰਿਤ ਅਤੇ ਅਨਾਥ ਬੱਚਿਆਂ ਲਈ 314 ਕਰੋੜ 22 ਲੱਖ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਜਾ ਚੁੱਕੀ ਏ ।
- ਦੇਸ਼ ਅੱਜ ਸ਼ਹੀਦ ਊਧਮ ਸਿੰਘ ਨੂੰ ਉਨ੍ਹਾਂ ਦੀ 126ਵੀਂ ਜਨਮ ਵਰ੍ਹੇਗੰਢ 'ਤੇ ਯਾਦ ਕਰ ਰਿਹਾ ਏ I ਅਤੇ

- ਔਰਤਾਂ ਦੇ ਕ੍ਰਿਕੇਟ ਵਿਚ ਭਾਰਤ ਅਤੇ ਸ੍ਰੀਲੰਕਾ ਦਰਮਿਆਨ ਤੀਜਾ ਟਵੈਂਟੀ-ਟਵੈਂਟੀ ਅੰਤਰ-ਰਾਸ਼ਟਰੀ ਮੈਚ ਅੱਜ ਤਿਰੂਵਨੰਤਪੁਰਮ ਵਿਖੇ ਖੇਡਿਆ ਜਾਵੇਗਾ I

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**